Punjab Government Gazette

Published by Authority

No. 33] CHANDIGARH, FRIDAY, AUGUST 15, 2025 (SRAVANA 24, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

(ਇਮਾਰਤਾਂ ਤੇ ਸੜਕਾਂ-2 ਸ਼ਾਖਾ)

ਹੁਕਮ

ਮਿਤੀ 31 ਅਗਸਤ, 2023

ਨੰ:WSSD-BR201/27/2020-6BR2/I/632169/2023.- ਸ਼੍ਰੀ ਕੁਲਵਿੰਦਰ ਕੁਮਾਰ,ਉਪ ਮੰਡਲ ਇੰਜੀਨੀਅਰ (ਸੀਨੀਆਰਤਾ ਨੰਬਰ ਕੋਡ ਨੰਬਰ 950) (ਡਿਗਰੀ ਹੋਲਡਰ), (IHRMAS CODE 211225), ਜਲ ਸਪਲਾਈ ਅਤੇ ਸੈਨੀਟੇਸ਼ਨ ਉਪ ਮੰਡਲ, ਲਹਿਰਾਗਾਗਾ (ਅਧੀਨ ਦਫਤਰ ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਸੰਗਰੂਰ) ਦੀ 58 ਸਾਲ ਦੀ ਉਮਰ ਪੂਰੀ ਹੋਣ ਤੇ ਅਧਿਕਾਰੀ ਨੂੰ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਜਿਲਦ-1 ਭਾਗ-1 ਦੇ ਨਿਯਮ 3.26 (ਉ) ਅਧੀਨ ਮਿਤੀ 31.08.2023 ਤੋਂ ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ।

2. ਇਸ ਤੋਂ ਇਲਾਵਾ ਅਧਿਕਾਰੀ ਵਿਰੁੱਧ ਜੇਕਰ ਕੋਈ ਕ੍ਰੀਮੀਨਲ, ਸਿਵਲ ਕੇਸ, ਵਿਜੀਲੈਂਸ ਕੇਸ ਜਾਂ ਅਨੁਸ਼ਾਸ਼ਨੀ ਕਾਰਵਾਈ ਦਾ ਮਾਮਲਾ ਧਿਆਨ ਵਿਚ ਆਉਂਦਾ ਹੈ ਤਾਂ ਸਰਕਾਰ ਦੁਆਰਾ ਇਨ੍ਹਾਂ ਹੁਕਮਾਂ ਨੂੰ ਮੁੜ ਵਿਚਾਰਿਆ ਜਾ ਸਕਦਾ ਹੈ ਜਾਂ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਭਾਗ 2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾ ਸਕਦੀ ਹੈ।

3. ਅਧਿਕਾਰੀ ਦੀ ਰਿਟਾਇਰਮੈਂਟ ਉਪਰੰਤ ਜਲ ਸਪਲਾਈ ਅਤੇ ਸੈਨੀਟੇਸ਼ਨ ਉਪ ਮੰਡਲ, ਲਹਿਰਾਗਾਗਾ ਦੀ ਖਾਲੀ ਹੋਈ ਅਸਾਮੀ ਦਾ ਵਾਧੂ ਚਾਰਜ ਸ਼੍ਰੀ ਸ਼ੁਭਮ ਕੁਮਾਰ ਸਿੰਗਲਾ, ਉਪ ਮੰਡਲ ਇੰਜੀਨੀਅਰ,ਜਲ ਸਪਲਾਈ ਅਤੇ ਸੈਨੀਟੇਸ਼ਨ ਉਪ ਮੰਡਲ ਮੂਣਕ ਨੂੰ ਦਿੱਤਾ ਜਾਂਦਾ ਹੈ ਅਤੇ ਇਸ ਵਾਧੂ ਚਾਰਜ ਦੇ ਬਦਲੇ ਕੋਈ ਵੀ ਵਾਧੂ ਵਿੱਤੀ ਲਾਭ ਮਿਲਣਯੋਗ ਨਹੀਂ ਹੋਣਗੇ।

ਡੀ.ਕੇ.ਤਿਵਾਰੀ,ਆਈ.ਏ.ਐਸ.,

ਪ੍ਰਮੱਖ ਸਕੱਤਰ,ਪੰਜਾਬ ਸਰਕਾਰ,

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ।

ਚੰਡੀਗੜ੍ਹ

ਮਿਤੀ 19 ਅਗਸਤ, 2023

3477/8-2025/Pb. Govt. Press, S.A.S. Nagar